ਗਉੜੀ ਬੈਰਾਗਣਿ ਮਹਲਾ ੪ ॥ ਕੰਚਨ ਨਾਰੀ ਮਹਿ ਜੀਉ ਲੁਭਤੁ ਹੈ ਮੋਹੁ ਮੀਠਾ ਮਾਇਆ ॥ ਘਰ ਮੰਦਰ ਘੋੜੇ ਖੁਸੀ ਮਨੁ ਅਨ ਰਸਿ ਲਾਇਆ ॥ ਹਰਿ ਪ੍ਰਭੁ ਚਿਤਿ ਨ ਆਵਈ ਕਿਉ ਛੂਟਾ ਮੇਰੇ ਹਰਿ ਰਾਇਆ ॥੧॥ ਮੇਰੇ ਰਾਮ ਇਹ ਨੀਚ ਕਰਮ ਹਰਿ ਮੇਰੇ ॥ ਗੁਣਵੰਤਾ ਹਰਿ ਹਰਿ ਦਇਆਲੁ ਕਰਿ ਕਿਰਪਾ ਬਖਸਿ ਅਵਗਣ ਸਭਿ ਮੇਰੇ ॥੧॥ ਰਹਾਉ ॥ ਕਿਛੁ ਰੂਪੁ ਨਹੀ ਕਿਛੁ ਜਾਤਿ ਨਾਹੀ ਕਿਛੁ ਢੰਗੁ ਨ ਮੇਰਾ ॥ ਕਿਆ ਮੁਹੁ ਲੈ ਬੋਲਹ ਗੁਣ ਬਿਹੂਨ ਨਾਮੁ ਜਪਿਆ ਨ ਤੇਰਾ ॥ ਹਮ ਪਾਪੀ ਸੰਗਿ ਗੁਰ ਉਬਰੇ ਪੁੰਨੁ ਸਤਿਗੁਰ ਕੇਰਾ ॥੨॥ ਸਭੁ ਜੀਉ ਪਿੰਡੁ ਮੁਖੁ ਨਕੁ ਦੀਆ ਵਰਤਣ ਕਉ ਪਾਣੀ ॥ ਅੰਨੁ ਖਾਣਾ ਕਪੜੁ ਪੈਨਣੁ ਦੀਆ ਰਸ ਅਨਿ ਭੋਗਾਣੀ ॥ ਜਿਨਿ ਦੀਏ ਸੁ ਚਿਤਿ ਨ ਆਵਈ ਪਸੂ ਹਉ ਕਰਿ ਜਾਣੀ ॥੩॥ ਸਭੁ ਕੀਤਾ ਤੇਰਾ ਵਰਤਦਾ ਤੂੰ ਅੰਤਰਜਾਮੀ ॥ ਹਮ ਜੰਤ ਵਿਚਾਰੇ ਕਿਆ ਕਰਹ ਸਭੁ ਖੇਲੁ ਤੁਮ ਸੁਆਮੀ ॥ ਜਨ ਨਾਨਕੁ ਹਾਟਿ ਵਿਹਾਝਿਆ ਹਰਿ ਗੁਲਮ ਗੁਲਾਮੀ ॥੪॥੬॥੧੨॥੫੦॥ {ਪੰਨਾ 167}

ਪਦਅਰਥ:- ਕੰਚਨ—ਸੋਨਾ। ਜੀਉ—ਜਿੰਦ, ਮਨ। ਅਨ ਰਸਿ—ਹੋਰ ਹੋਰ (ਪਦਾਰਥਾਂ ਦੇ) ਰਸ ਵਿਚ। ਚਿਤਿ—ਚਿੱਤ ਵਿਚ। ਛੂਟਾ—ਛੁਟਾਂ, ਮੈਂ (ਇਸ ਮੋਹ ਵਿਚੋਂ) ਨਿਕਲਾਂ।1।

ਕਰਮ—ਕੰਮ। ਸਭਿ—ਸਾਰੇ।1। ਰਹਾਉ।

ਢੰਗੁ—ਸੁਚੱਜ। ਬੋਲਹ—ਅਸੀਂ ਬੋਲੀਏ। ਬਿਹੂਨ—ਸੱਖਣੇ। ਸੰਗਿ—ਸੰਗਤਿ ਵਿਚ। ਪੁੰਨੁ—ਨੇਕੀ। ਕੇਰਾ—ਦਾ।2।

ਜੀਉ—ਜਿੰਦ। ਪਿੰਡੁ—ਸਰੀਰ। ਕਉ—ਵਾਸਤੇ। ਅਨਿ—ਅਨਿਕ, ਅਨੇਕਾਂ। ਜਿਨਿ—ਜਿਸ ਨੇ। ਹਉ—ਮੈਂ।3।

ਕਰਹ—ਕਰੀਏ। ਤੁਮ—ਤੁਮਾਰਾ, ਤੇਰਾ। ਹਾਟਿ—ਹੱਟੀ ਵਿਚੋਂ, ਮੰਡੀ ਵਿਚ। ਗੁਲਮ ਗੁਲਾਮੀ—ਗ਼ੁਲਾਮਾਂ ਦਾ ਗ਼ੁਲਾਮ।4।

ਅਰਥ:- ਹੇ ਮੇਰੇ ਰਾਮ! ਮੇਰੇ ਹਰੀ! ਮੇਰੇ ਇਹ ਨੀਚ ਕੰਮ ਹਨ। ਪਰ ਤੂੰ ਗੁਣਾਂ ਦਾ ਮਾਲਕ ਹੈਂ, ਤੂੰ ਦਇਆ ਦਾ ਘਰ ਹੈਂ, ਮਿਹਰ ਕਰ ਤੇ ਮੇਰੇ ਸਾਰੇ ਅਉਗਣ ਬਖ਼ਸ਼।1। ਰਹਾਉ।

ਮੇਰੀ ਜਿੰਦ ਸੋਨੇ (ਦੇ ਮੋਹ) ਵਿਚ ਇਸਤ੍ਰੀ (ਦੇ ਮੋਹ) ਵਿਚ ਫਸੀ ਹੋਈ ਹੈ, ਮਾਇਆ ਦਾ ਮੋਹ ਮੈਨੂੰ ਮਿੱਠਾ ਲੱਗ ਰਿਹਾ ਹੈ। ਘਰ, ਪੱਕੇ ਮਹਲ ਘੋੜੇ (ਵੇਖ ਵੇਖ ਕੇ) ਮੈਨੂੰ ਚਾਉ ਚੜ੍ਹਦਾ ਹੈ, ਮੇਰਾ ਮਨ ਹੋਰ ਹੋਰ (ਪਦਾਰਥਾਂ ਦੇ) ਰਸ ਵਿਚ ਲੱਗਾ ਹੋਇਆ ਹੈ। ਹੇ ਮੇਰੇ ਹਰੀ! ਹੇ ਮੇਰੇ ਰਾਜਨ! (ਤੂੰ) ਪਰਮਾਤਮਾ ਕਦੇ ਮੇਰੇ ਚਿੱਤ ਵਿਚ ਨਹੀਂ ਆਉਂਦਾ। ਮੈਂ (ਇਸ ਮੋਹ ਵਿਚੋਂ) ਕਿਵੇਂ ਨਿਕਲਾਂ?।1।

ਨਾਹ ਮੇਰਾ (ਸੁੰਦਰ) ਰੂਪ ਹੈ, ਨਾਹ ਮੇਰੀ ਉੱਚੀ ਜਾਤਿ ਹੈ, ਨਾਹ ਮੇਰੇ ਵਿਚ ਕੋਈ ਸੁਚੱਜ ਹੈ। ਹੇ ਪ੍ਰਭੂ! ਮੈਂ ਗੁਣਾਂ ਤੋਂ ਸੱਖਣਾ ਹਾਂ, ਮੈਂ ਤੇਰਾ ਨਾਮ ਨਹੀਂ ਜਪਿਆ, ਮੈਂ ਕੇਹੜਾ ਮੂੰਹ ਲੈ ਕੇ (ਤੇਰੇ ਸਾਹਮਣੇ) ਗੱਲ ਕਰਨ ਜੋਗਾ ਹਾਂ? ਇਹ ਸਤਿਗੁਰੂ ਦੀ ਮਿਹਰ ਹੋਈ ਹੈ ਕਿ ਮੈਂ ਪਾਪੀ ਗੁਰੂ ਦੀ ਸੰਗਤਿ ਵਿਚ ਰਹਿ ਕੇ (ਪਾਪਾਂ ਤੋਂ) ਬਚ ਗਿਆ ਹਾਂ।2।

ਇਹ ਜਿੰਦ ਇਹ ਸਰੀਰ ਇਹ ਮੂੰਹ ਇਹ ਨੱਕ ਆਦਿਕ ਅੰਗ ਇਹ ਸਭ ਕੁਝ ਪਰਮਾਤਮਾ ਨੇ ਮੈਨੂੰ ਦਿੱਤਾ ਹੈ, ਪਾਣੀ (ਹਵਾ ਅੱਗ ਆਦਿਕ) ਮੈਨੂੰ ਉਸ ਨੇ ਵਰਤਣ ਲਈ ਦਿੱਤੇ ਹਨ। ਉਸ ਨੇ ਮੈਨੂੰ ਅੰਨ ਖਾਣ ਨੂੰ ਦਿੱਤਾ ਹੈ, ਕੱਪੜਾ ਪਹਿਨਣ ਨੂੰ ਦਿੱਤਾ ਹੈ, ਹੋਰ ਅਨੇਕਾਂ ਸੁਆਦਲੇ ਪਦਾਰਥ ਭੋਗਣ ਨੂੰ ਦਿੱਤੇ ਹਨ। ਪਰ ਜਿਸ ਪਰਮਾਤਮਾ ਨੇ ਇਹ ਸਾਰੇ ਪਦਾਰਥ ਦਿੱਤੇ ਹਨ, ਉਹ ਮੈਨੂੰ ਕਦੇ ਚੇਤੇ ਭੀ ਨਹੀਂ ਆਉਂਦਾ ਹੈ। ਮੈਂ (ਮੂਰਖ-) ਪਸ਼ੂ ਆਪਣੇ ਆਪ ਨੂੰ ਵੱਡਾ ਕਰ ਕੇ ਜਾਣਦਾ ਹਾਂ।3।

(ਹੇ ਪ੍ਰਭੂ! ਸਾਡੇ ਜੀਵਾਂ ਦੇ ਵੱਸ ਭੀ ਕੀਹ ਹੈ? ਜਗਤ ਵਿਚ ਜੋ ਕੁਝ ਹੋ ਰਿਹਾ ਹੈ) ਸਭ ਤੇਰਾ ਕੀਤਾ ਹੋ ਰਿਹਾ ਹੈ, ਤੂੰ ਹਰੇਕ ਜੀਵ ਦੇ ਦਿਲ ਦੀ ਜਾਣਦਾ ਹੈਂ। ਅਸੀਂ ਨਿਮਾਣੇ ਜੀਵ (ਤੈਥੋਂ ਆਕੀ ਹੋ ਕੇ) ਕੀਹ ਕਰ ਸਕਦੇ ਹਾਂ? ਹੇ ਸੁਆਮੀ! ਇਹ ਸਾਰਾ ਤੇਰਾ ਹੀ ਖੇਲ ਹੋ ਰਿਹਾ ਹੈ। (ਜਿਵੇਂ ਕੋਈ ਗ਼ੁਲਾਮ ਮੰਡੀ ਵਿਚੋਂ ਖ਼ਰੀਦਿਆ ਜਾਂਦਾ ਹੈ, ਤਿਵੇਂ) ਇਹ ਤੇਰਾ ਦਾਸ ਨਾਨਕ (ਤੇਰੀ ਸਾਧ-ਸੰਗਤਿ) ਹੱਟੀ ਵਿਚ (ਤੇਰੇ ਸੋਹਣੇ ਨਾਮ ਤੋਂ) ਵਿਕਿਆ ਹੋਇਆ ਹੈ, ਤੇਰੇ ਗ਼ੁਲਾਮਾਂ ਦਾ ਗ਼ੁਲਾਮ ਹੈ।4।6।12। 50।